# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :05-05-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਬੀਜੇਪੀ ਦੇ ਸੰਸਦ ਮੈਂਬਰ ਰਾਘਵ ਚੱਢਾ ਅਤੇ ਹੋਰਨਾਂ ਵਲੋਂ ਅੱਜ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ -ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸਰਕਾਰੀ ਤੰਤਰ ਦੀ ਕਥਿਤ ਦੁਰਵਰਤੋਂ 'ਤੇ ਚਿੰਤਾ ਪ੍ਰਗਟ ਕੀਤੀ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਾਸ਼ਟਰਪਤੀ ਨਾਲ ਮੁਲਾਕਾਤ ਕਰਕੇ ਸੂਬੇ ਦੇ ਰਾਜ ਸਭਾ ਮੈਂਬਰਾਂ ਦੀ ਮੈਂਬਰਸ਼ਿਪ ਰੱਦ ਕਰਨ ਬਾਰੇ ਮੰਗ ਪੱਤਰ ਸੌਂਪਿਆ।

- ਭਾਰਤ ਸਰਕਾਰ ਨੇ ਇੱਕ ਮਹੱਤਵਪੂਰਨ ਫੈਸਲਾ ਲੈਂਦੇ ਹੋਏ ਚਾਰ ਪਾਕਿਸਤਾਨੀ ਸਿਵਲ ਕੈਦੀਆਂ ਨੂੰ ਰਿਹਾਅ ਕੀਤਾ।

- ਪੰਜਾਬ ਵਿਚ 3 ਮਈ ਨੂੰ ਆਏ ਤੂਫ਼ਾਨ ਕਾਰਨ, ਬਿਜਲੀ ਮਹਿਕਮੇ ਨੂੰ 8 ਕਰੋੜ ਦਾ ਹੋਇਆ ਨੁਕਸਾਨ -6 ਜ਼ਿਲੇ ਸਬਤੋਂ ਵੱਧ ਪ੍ਰਭਾਵਿਤ।

- IPL ਕ੍ਰਿਕੇਟ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਸ਼ਾਮੀਂ ਸਾਢੇ 7 ਵਜੇ ਦਿੱਲੀ ਵਿੱਚ, ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ।

**ਹੁਣ ਖ਼ਬਰਾਂ ਵਿਸਥਾਰ ਨਾਲ।**

BJP ਦੇ ਸੰਸਦ ਮੈਂਬਰ ਰਾਘਵ ਚੱਢਾ, ਅਸ਼ੋਕ ਮਿੱਤਲ, ਸੰਦੀਪ ਪਾਠਕ ਅਤੇ ਰਾਜਿੰਦਰ ਗੁਪਤਾ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕਰਕੇ ਪੰਜਾਬ ਵਿੱਚ ਆਮ ਆਦਮੀ ਪਾਰਟੀ  ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸਰਕਾਰੀ ਤੰਤਰ ਦੀ ਕਥਿਤ ਦੁਰਵਰਤੋਂ 'ਤੇ ਚਿੰਤਾ ਪ੍ਰਗਟ ਕੀਤੀ। ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਰਾਘਵ ਚੱਢਾ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ 'ਤੇ ਇਲ੍ਜ਼ਾਮ ਲਾਇਆ ਕਿ ਉਹ, ਹਾਲ ਹੀ ਵਿੱਚ ਪਾਰਟੀ ਛੱਡ ਕੇ BJP ਵਿੱਚ ਸ਼ਾਮਲ ਹੋਏ ਰਾਜ ਸਭਾ ਸੰਸਦ ਮੈਂਬਰਾਂ ਨੂੰ ਨਿਸ਼ਾਨਾ ਬਣਾਉਣ ਲਈ ਸਰਕਾਰੀ ਤੰਤਰ ਦੀ ਵਰਤੋਂ ਕਰ ਰਹੀ ਏ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ, ਬਦਲੇ ਦੀ ਰਾਜਨੀਤੀ ਕਰ ਰਹੀ ਏ. ਸ੍ਰੀ ਚੱਢਾ

ਨੇ ਕਿਹਾ ਕਿ ਉਨ੍ਹਾਂ ਨੇ ਰਾਸ਼ਟਰਪਤੀ ਨੂੰ ਇਨ੍ਹਾਂ ਘਟਨਾਵਾਂ ਅਤੇ ਆਪਣੀਆਂ ਚਿੰਤਾਵਾਂ ਤੋਂ ਜਾਣੂ ਕਰਵਾਇਆ ਏ।

BYTE

ਇਸ ਦੌਰਾਨ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਹਾਲ ਹੀ ਵਿੱਚ, ਸੱਤ ਆਮ ਆਦਮੀ ਪਾਰਟੀ ਰਾਜ ਸਭਾ ਸੰਸਦ ਮੈਂਬਰਾਂ ਦੇ BJP ਵਿੱਚ ਸ਼ਾਮਲ ਹੋਣ ਦੇ ਸਿਲਸਿਲੇ ਵਿੱਚ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਮੁਖ ਮੰਤਰੀ ਨੇ ਪੰਜਾਬ ਦੇ ਵਿਧਾਇਕਾਂ ਨਾਲ ਰਾਸ਼ਟਰਪਤੀ ਭਵਨ ਵਿਖੇ ਇਸ ਬਾਰੇ ਵਿਧਾਇਕਾਂ ਵਲੋਂ ਦਸਤਖ਼ਤ ਕੀਤਾ ਮੰਗ ਪੱਤਰ ਸੌਂਪਿਆ। ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਸੰਸਦ ਮੈਂਬਰਾਂ ਦਾ BJP ‘ਚ ਰਲੇਵਾਂ ਗੈਰ-ਸੰਵਿਧਾਨਕ ਏ ਅਤੇ ਉਨ੍ਹਾਂ ਨੂੰ ਰਾਜ ਸਭਾ ਤੋਂ ਅਯੋਗ ਠਹਿਰਾਉਣ ਦੀ ਮੰਗ ਕੀਤੀ।

-----------------------------------------------------

ਭਾਰਤ ਸਰਕਾਰ ਨੇ ਇੱਕ ਮਹੱਤਵਪੂਰਨ ਫੈਸਲਾ ਲੈਂਦੇ ਹੋਏ ਚਾਰ ਪਾਕਿਸਤਾਨੀ ਸਿਵਲ ਕੈਦੀਆਂ ਨੂੰ ਰਿਹਾਅ ਕੀਤਾ ਏ। ਇਹ ਸਾਰੇ ਕੈਦੀ ਆਪਣੀ ਸਜ਼ਾ ਪੂਰੀ ਕਰਨ ਤੋਂ ਬਾਅਦ ਅੰਮ੍ਰਿਤਸਰ ਦੀ ਅਟਾਰੀ-ਵਾਘਾ ਸਰਹੱਦ ਰਾਹੀਂ ਆਪਣੇ ਦੇਸ਼ ਪਾਕਿਸਤਾਨ ਵੱਲ ਰਵਾਨਾ ਹੋਏ। ਰਿਹਾਅ ਕੀਤੇ ਗਏ ਵਿਅਕਤੀਆਂ ਵਿੱਚ  ਮੁਹੰਮਦ ਇਰਫਾਨ ,ਮੁਹੰਮਦ ਰਜਾ ,

ਮੁਹੰਮਦ ਹਮਜ਼ਾ ਅਤੇ ਹੁਸੈਨ ਸ਼ਾਮਲ ਨੇ । ਇਸ ਮੌਕੇ ਪ੍ਰੋਟੋਕੋਲ ਅਧਿਕਾਰੀ ਅਰੁਣ ਮਾਹਲ ਨੇ ਦਸਿਆ ਕਿ ਇਹਨਾਂ ਕੈਦੀਆਂ ਦੀ ਰਿਹਾਈ ਲਈ ਕੇਂਦਰ ਸਰਕਾਰ ਵੱਲੋਂ ਜਾਰੀ ਹੁਕਮ ਇਮੀਗ੍ਰੇਸ਼ਨ ਅਧਿਕਾਰੀਆਂ ਤੱਕ ਪਹੁੰਚਣ ਤੋਂ ਬਾਅਦ ਸਾਰੀ ਕਾਰਵਾਈ ਪੂਰੀ ਕੀਤੀ ਗਈ।

BYTE

ਰਿਹਾਅ ਹੋਏ ਮੁਹੰਮਦ ਹਮਜ਼ਾ ਨੇ ਦੱਸਿਆ ਕਿ ਉਹ ਗਲਤੀ ਨਾਲ ਨਸ਼ੇ ਦੀ ਹਾਲਤ ਵਿੱਚ ਸਰਹੰਦ ਪਾਰ ਕਰ ਗਿਆ ਸੀ, ਜਿਸ ਕਾਰਨ ਉਸ ਨੂੰ ਭਾਰਤ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ। ਅੱਜ ਆਪਣੇ ਵਤਨ ਵਾਪਸ ਜਾਣ ਦੀ ਖੁਸ਼ੀ ਜ਼ਾਹਰ ਕੀਤੀ । ਇਸ ਮੌਕੇ ਰਿਹਾਅ ਕੈਦੀਆਂ ਨੇ ਨਸ਼ੇ ਨੂੰ ਖਤਰਨਾਕ ਲਤ ਦੱਸਦੇ ਹੋਏ ਨੌਜਵਾਨਾਂ ਨੂੰ ਇਸ ਤੋਂ ਦੂਰ ਰਹਿਣ ਦੀ ਅਪੀਲ ਕੀਤੀ।

-------------------------------------------------------

ਲੁਧਿਆਣਾ, ਜਲੰਧਰ ਅਤੇ ਮੋਹਾਲੀ ਤੋਂ ਬਾਅਦ ਇੰਟੈਲੀਜੈਂਟ ਟ੍ਰੈਫਿਕ ਮੈਨੇਜਮੈਂਟ ਸਿਸਟਮ ਨੂੰ ਲਾਗੂ ਕਰਨ ਵਾਲਾ ਸੂਬੇ ਦਾ ਤੀਜਾ ਸ਼ਹਿਰ ਬਣ ਗਿਆ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਲੁਧਿਆਣਾ 'ਚ ਏਕੀਕ੍ਰਿਤ ਕਮਾਂਡ ਐਂਡ ਕੰਟਰੋਲ ਸੈਂਟਰ ਦਾ ਉਦਘਾਟਨ ਕਰਦਿਆਂ ਇਹ ਗੱਲ ਕਹੀ । ਡੀਜੀਪੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੇ ਤਹਿਤ ਸ਼ਹਿਰ ਦੇ ਨਿਗਰਾਨੀ ਗਰਿੱਡ ਨੂੰ ਮਜ਼ਬੂਤ ਕਰਨ ਲਈ 259 ਥਾਵਾਂ 'ਤੇ

1,700 ਉੱਚ ਤਕਨੀਕ ਵਾਲੇ ਕੈਮਰੇ ਲਗਾਏ ਗਏ ਨੇ । ਡੀਜੀਪੀ ਨੇ ਅੱਪਗ੍ਰੇਡ ਕੀਤੇ ਗਏ ਅਤਿ-ਆਧੁਨਿਕ ICCC ਨੂੰ ਰੋਕਥਾਮ ਪੁਲਿਸਿੰਗ ਵੱਲ ਇੱਕ ਵੱਡਾ ਕਦਮ ਦੱਸਿਆ। ਉਨ੍ਹਾਂ ਕਿਹਾ ਕਿ ਨਵੇਂ ਉਦਘਾਟਨ ਕੀਤੇ ਗਏ ਆਈ.ਸੀ.ਸੀ.ਸੀ. ਇੱਕ ਛੱਤ ਹੇਠ ਕਈ ਯੂਨਿਟਾਂ ਨੂੰ ਜੋੜਦੇ ਨੇ ਜਿਨ੍ਹਾਂ ਵਿੱਚ ਟ੍ਰੈਫਿਕ, ਪੁਲਿਸ ਕੰਟਰੋਲ ਰੂਮ (ਪੀ.ਸੀ.ਆਰ.), ਸੇਫ ਸਿਟੀ ਅਤੇ ਵਾਇਰਲੈੱਸ ਯੂਨਿਟ ਸ਼ਾਮਲ ਹਨ, ਜਿਸ ਨਾਲ ਪੁਲਿਸ ਦੇ ਕੰਮਕਾਜ ਵਿੱਚ ਤਾਲਮੇਲ ਅਤੇ ਤਾਲਮੇਲ ਵਿੱਚ ਕਾਫ਼ੀ ਵਾਧਾ ਹੋਇਆ ਏ ਅਤੇ ਪੀ.ਸੀ.ਆਰ. ਪ੍ਰਤੀਕਿਰਿਆ ਸਮਾਂ 15 ਮਿੰਟਾਂ ਤੋਂ ਘਟਾ ਕੇ ਸਿਰਫ਼ 7 ਤੋਂ 8 ਮਿੰਟ ਕਰ ਦਿੱਤਾ ਗਿਆ । ਡੀ.ਜੀ.ਪੀ. ਨੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਅਤੇ ਡੀ.ਆਈ.ਜੀ. ਰੇਂਜ ਸਤਿੰਦਰ ਸਿੰਘ ਦੇ ਨਾਲ ਫੀਲਡ ਅਧਿਕਾਰੀਆਂ ਨਾਲ ਇੱਕ ਵਿਆਪਕ ਮੀਟਿੰਗ ਵੀ ਕੀਤੀ, ਜਿਸ ਵਿੱਚ ਜਨਤਕ ਸ਼ਿਕਾਇਤਾਂ ਦੇ ਤੇਜ਼ ਅਤੇ ਨਾਗਰਿਕ-ਕੇਂਦ੍ਰਿਤ ਹੱਲ 'ਤੇ ਜ਼ੋਰ ਦਿੱਤਾ ਗਿਆ। ਇਸ ਦੌਰਾਨ, ਡੀ.ਜੀ.ਪੀ. ਨੇ ਬੇਹਤਰ ਪ੍ਰਦਰਸ਼ਨ ਕਰਨ ਵਾਲੇ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਉਨ੍ਹਾਂ ਦੇ ਫਰਜ਼ਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਲਈ ਉਤਸ਼ਾਹਿਤ ਕਰਨ ਅਤੇ ਪ੍ਰੇਰਿਤ ਕਰਨ ਲਈ ਸਨਮਾਨਿਤ ਵੀ ਕੀਤਾ।

---------------------------------------------------------------

ਅੱਜ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਦੀ ਜਨਮ ਵਰ੍ਹੇਗੰਢ ਏ

। ਇਸ ਮੌਕੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ, ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ।

-----------------------------------------------------

ਪੰਜਾਬ ਭਰ 'ਚ ਬੀਤੀ 3 ਮਈ ਨੂੰ ਆਏ ਤੂਫਾਨਾਂ ਤੋਂ ਬਾਅਦ, ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਅੱਜ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ ਦੇ ਸੀਨੀਅਰ ਅਧਿਕਾਰੀਆਂ ਨਾਲ ਨੁਕਸਾਨ ਦਾ ਮੁਲਾਂਕਣ ਕਰਨ, ਲਈ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿੱਚ PSPCL ਦੇ ਚੇਅਰਮੈਨ, ਡਾਇਰੈਕਟਰ, ਮੁੱਖ ਇੰਜੀਨੀਅਰ ਅਤੇ ਹੋਰ ਸੀਨੀਅਰ ਕਰਮਚਾਰੀ ਸ਼ਾਮਲ ਹੋਏ। ਸਥਿਤੀ ਦੀ ਵਿਆਪਕ ਸਮੀਖਿਆ ਤੋਂ ਪਤਾ ਲੱਗਾ ਕਿ ਮੋਹਾਲੀ, ਪਟਿਆਲਾ, ਜਲੰਧਰ, ਲੁਧਿਆਣਾ, ਅੰਮ੍ਰਿਤਸਰ ਅਤੇ ਗੁਰਦਾਸਪੁਰ ਜ਼ਿਲ੍ਹੇ ਸਭ ਤੋਂ ਵੱਧ ਪ੍ਰਭਾਵਿਤ ਹੋਏ ਨੇ । ਅਧਿਕਾਰੀਆਂ ਨੇ ਦੱਸਿਆ ਕਿ ਜਦੋਂ ਕਿ 66 ਕੇਵੀ ਟ੍ਰਾਂਸਮਿਸ਼ਨ ਨੈੱਟਵਰਕ ਵੱਡੇ ਪੱਧਰ 'ਤੇ ਬਰਕਰਾਰ ਰਿਹਾ, ਪਰ ਵੰਡ ਬੁਨਿਆਦੀ ਢਾਂਚੇ ਨੂੰ ਕਾਫ਼ੀ ਨੁਕਸਾਨ ਹੋਇਆ ਏ । ਇਸ ਤੋਂ ਇਲਾਵਾ, ਇੱਕ 220 ਕੇਵੀ ਟ੍ਰਾਂਸਮਿਸ਼ਨ ਟਾਵਰ ਨੂੰ ਨੁਕਸਾਨ ਪਹੁੰਚਿਆ। ਉਨਾ ਦਸਿਆ ਕਿ ਇਸ ਕਾਰਨ ਲਗਭਗ 8 ਕਰੋੜ ਰੁਪਏ ਦਾ ਅਨੁਮਾਨਤ ਨੁਕਸਾਨ ਹੋਇਆ। ਸਥਿਤੀ ਨੂੰ ਗੰਭੀਰਤਾ ਨਾਲ ਲੈਂਦੇ ਹੋਏ, ਬਿਜਲੀ

ਮੰਤਰੀ ਨੇ ਪੀਐਸਪੀਸੀਐਲ ਟੀਮਾਂ ਦੁਆਰਾ ਤੇਜ਼ ਅਤੇ ਤਾਲਮੇਲ ਵਾਲੇ ਜਵਾਬ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਚੁਣੌਤੀਪੂਰਨ ਹਾਲਤਾਂ ਵਿੱਚ ਦਿਨ-ਰਾਤ ਕੰਮ ਕੀਤਾ। ਇਹ ਉਜਾਗਰ ਕੀਤਾ ਗਿਆ ਕਿ ਪੰਜਾਬ ਭਰ ਵਿੱਚ 83,000 ਤੋਂ ਵੱਧ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਗਿਆ, । PSPCL ਨੇ 24 ਘੰਟਿਆਂ ਦੇ ਅੰਦਰ ਸਾਰੇ ਪ੍ਰਭਾਵਿਤ ਖੇਤਰਾਂ ਵਿੱਚ ਮੁੱਖ ਨੈੱਟਵਰਕ ਜਾਂ ਬਦਲਵੇਂ ਪ੍ਰਬੰਧਾਂ ਰਾਹੀਂ, ਬਿਜਲੀ ਸਪਲਾਈ ਨੂੰ ਸਫਲਤਾਪੂਰਵਕ ਬਹਾਲ ਕਰ ਦਿੱਤਾ। ਸਿਸਟਮ ਨੂੰ ਹੋਰ ਸਥਿਰ ਕਰਨ ਲਈ ਨੁਕਸਾਨੇ ਗਏ ਬੁਨਿਆਦੀ ਢਾਂਚੇ ਦੀ ਬਹਾਲੀ ਤਰਜੀਹ ਦੇ ਆਧਾਰ 'ਤੇ ਕੀਤੀ ਜਾ ਰਹੀ ਏ । ਮੀਟਿੰਗ ਦੌਰਾਨ, ਸੰਜੀਵ ਅਰੋੜਾ ਨੇ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਭਵਿੱਖ ਵਿੱਚ ਅਜਿਹੀਆਂ ਮੌਸਮੀ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੰਭਾਲਣ ਲਈ ਆਫ਼ਤ ਤਿਆਰੀ ਵਿਧੀ ਨੂੰ ਮਜ਼ਬੂਤ ਕੀਤਾ ਜਾਵੇ।

-----------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 10ਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਿਲ ਮਾਤਾ ਸੁੰਦਰੀ ਜੀ ਦਾ ਜਨਮ ਦਿਹਾੜਾ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ

ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਵਰਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਇਸ ਮੌਕੇ ਗਿਆਨੀ ਰਾਜਦੀਪ ਸਿੰਘ ਨੇ ਸੰਗਤਾਂ ਨੂੰ ਮਾਤਾ ਸੁੰਦਰੀ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਗੁਰੂ ਭਰੋਸੇ ਨਾਲ ਸਿੱਖੀ ਪ੍ਰਚਾਰ ਦੀ ਵੱਡੀ ਸੇਵਾ ਕੀਤੀ। ਉਨ੍ਹਾਂ ਸੰਗਤਾਂ ਨੂੰ ਮਾਤਾ ਜੀ ਦੇ ਜੀਵਨ ਇਤਿਹਾਸ ਤੋਂ ਸੇਧ ਲੈਣ ਦੀ ਪ੍ਰੇਰਨਾ ਵੀ ਕੀਤੀ।

--------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਪ੍ਰੇਰਿਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਨੇ । ਇਸੇ ਕੜੀ ਤਹਿਤ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਹੁਸ਼ਿਆਰਪੁਰ ਦੇ ਪਿੰਡ ਸਾਧੋਵਾਲ ਵਿੱਚ 43 ਲੱਖ 22 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਖੇਡ ਮੈਦਾਨ ਅੱਜ  ਲੋਕ ਅਰਪਿਤ ਕੀਤੇ । ਡਿਪਟੀ ਸਪੀਕਰ  ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਤਰੱਕੀ ਵਿੱਚ ਨੌਜਵਾਨਾਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਏ ਅਤੇ ਉਨ੍ਹਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਸਮੇਂ ਦੀ ਲੋੜ ਏ । ਉਨ੍ਹਾਂ ਕਿਹਾ ਕਿ ਖੇਡ ਮੈਦਾਨ ਸਿਰਫ ਖੇਡਾਂ ਦੀ ਜਗ੍ਹਾ ਹੀ ਨਹੀਂ ਹੁੰਦੇ, ਸਗੋਂ ਇਹ ਅਨੁਸ਼ਾਸਨ, ਸਿਹਤਮੰਦ ਜੀਵਨ ਅਤੇ ਟੀਮ ਵਰਕ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੇ ਹਨ। ਇਹਨਾਂ ਖੇਡ

ਮੈਦਾਨ ਦੀ ਉਸਾਰੀ ਨਾਲ ਇਲਾਕੇ ਦੇ ਨੌਜਵਾਨਾਂ ਨੂੰ ਉੱਚ ਪੱਧਰੀ ਸਹੂਲਤਾਂ ਮਿਲਣਗੀਆਂ, ਜਿਸ ਨਾਲ ਉਹ ਸੂਬੇ ਅਤੇ ਰਾਸ਼ਟਰੀ ਪੱਧਰ ਦੀਆਂ ਖੇਡਾਂ ਵਿੱਚ ਹਿੱਸਾ ਲੈ ਕੇ ਆਪਣਾ ਅਤੇ ਆਪਣੇ ਪਿੰਡ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣਗੇ। ਉਨ੍ਹਾਂ ਨੇ ਨੌਜਵਾਨਾਂ ਨੂੰ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਆਪਣੀ ਸਿਹਤ ਨੂੰ ਤੰਦਰੁਸਤ ਰੱਖਣ ਦੀਅਪੀਲ ਕੀਤੀ ।

------------------------------------------------------------

ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਸ ਫਰੀਦਕੋਟ ਵਿਖੇ ਕੋਕਲੀਅਰ ਇੰਪਲਾਂਟ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਏ। 3 ਛੋਟੇ ਬੱਚਿਆਂ ਦੀ ਸਰਜਰੀ ਕਰਨ ਮਗਰੋਂ ਉਹਨਾਂ ਨੂੰ ਕੋਕਲੀਅਰ ਇੰਪਲਾਂਟ ਉਪਕਰਨ ਲਗਾਏ ਗਏ। ਯੂਨੀਵਰਸਿਟੀ ਦੇ ਉਪ ਕੁਲਪਤੀ ਡਾਕਟਰ ਰਜੀਵ ਸੂਦ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਛੋਟੇ ਬੱਚਿਆਂ ਵਿੱਚ ਜੋ ਸੁਣਨ ਤੇ ਬੋਲਣ ਵਿਚ ਮੁਸ਼ਕਿਲ ਹੁੰਦੀ ਏ ਉਸ ਨੂੰ ਦੂਰ ਕਰਨ ਲਈ ਇਹਨਾਂ ਉਪਕਰਨਾਂ ਦੀ ਵਰਤੋਂ ਕੀਤੀ ਹੰਦੀ ਏ। ਹੁਣ ਪੰਜਾਬ ਸਰਕਾਰ ਦੀ “ਸੁਣਨ ਦਾ ਹੱਕ ਸਭ ਦਾ” ਯੋਜਨਾ ਤਹਿਤ ਵੀ ਇਹ ਸੇਵਾਵਾਂ ਜਾਰੀ ਹਨ, ਆਡੀਓਲੋਜੀ ਅਤੇ ਸਪੀਚ-ਲੈਂਗਵੇਜ ਪੈਥੋਲੋਜੀ ਦੇ ਐਸੋਸੀਏਟ ਪ੍ਰੋਫੈਸਰ ਸਤੀਸ਼ ਕੁਮਾਰ, ਨੇ ਕਿਹਾ,“ਕੋਕਲੀਅਰ ਇੰਪਲਾਂਟ ਪ੍ਰੋਗਰਾਮ ਦੀ ਸਫਲਤਾ ਸਿਰਫ਼ ਸਰਜਰੀ ਤੱਕ ਸੀਮਿਤ ਨਹੀਂ ਏ , ਸਗੋਂ ਸਰਜਰੀ ਤੋਂ

ਬਾਅਦ ਦੀ ਮੁੜ ਵਸੇਬੇ ਅਤੇ ਸਪੀਚ ਥੈਰਪੀ ਵੀ ਓਨੀ ਹੀ ਮਹੱਤਵਪੂਰਨ ਏ।

---------------------------------------------------------------

ਜਲੰਧਰ 'ਚ ਪ੍ਰਧਾਨ ਮੰਤਰੀ ਇੰਟਰਨਸ਼ਿਪ ਯੋਜਨਾ ਤਹਿਤ ਅਪਲਾਈ ਕਰਨ ਲਈ ਰਜਿਸਟ੍ਰੇਸ਼ਨ ਸ਼ੁਰੂ ਹੋ ਗਈ ਏ। ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖ਼ਲਾਈ ਬਿਊਰੋ ਦੇ ਡਿਪਟੀ ਡਾਇਰੈਕਟਰ, ਨੀਲਮ ਮਹੇ ਨੇ ਦੱਸਿਆ ਕਿ ਉਨ੍ਹਾਂ ਦੱਸਿਆ ਕਿ ਯੋਜਨਾ ਤਹਿਤ ਲਾਭ ਪ੍ਰਾਪਤ ਕਰਨ ਲਈ ਵਿਦਿਆਰਥੀ ਦੀ ਉਮਰ 18 ਤੋਂ 25 ਸਾਲ, ਕੋਈ ਪਰਿਵਾਰਕ ਮੈਂਬਰ ਪੱਕੀ ਸਰਕਾਰੀ ਨੌਕਰੀ ਨਾ ਕਰਦਾ ਹੋਵੇ ਅਤੇ ਬਿਨੇਕਾਰ ਨੇ 10ਵੀਂ,12ਵੀਂ, ਆਈ.ਟੀ.ਆਈ., ਗ੍ਰੈਜੂਏਸ਼ਨ, ਜਾਂ ਪੋਸਟ ਗ੍ਰੈਜੂਏਸ਼ਨ ਕੀਤੀ ਹੋਵੇ। ਉਨ੍ਹਾਂ ਇਹ ਵੀ ਦੱਸਿਆ ਕਿ ਆਨਲਾਈਨ/ਡਿਸਟੈਂਸ ਲਰਨਰਸ ਅਤੇ ਕੋਰਸ ਦੇ ਆਖਰੀ ਸਾਲ ਵਿੱਚ ਪੜ੍ਹ ਰਹੇ ਵਿਦਿਆਰਥੀ ਵੀ ਇਸ ਯੋਜਨਾ ਅਧੀਨ ਬਿਨੇ ਕਰਨ ਦੇ ਯੋਗ ਹੋਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਪਰਿਵਾਰ ਦੀ ਸਾਲਾਨਾ ਆਮਦਨ 12 ਲੱਖ ਰੁਪਏ ਤੋਂ ਵੱਧ ਨਹੀਂ ਹੋਣੀ ਚਾਹੀਦੀ। ਉਨ੍ਹਾਂ ਦੱਸਿਆ ਕਿ ਅਪਲਾਈ ਕਰਨ ਲਈ ਵੈਬਸਾਈਟ pminternship.mca.gov.in ’ਤੇ ਜਾਂ ਹੈਲਪਲਾਈਨ ਨੰਬਰ 1800116090 ’ਤੇ ਸੰਪਰਕ ਕੀਤਾ ਜਾ ਸਕਦਾ ਏ।

--------------------------------------------------------

ਸਵੱਛ ਭਾਰਤ ਮਿਸ਼ਨ ਅਧੀਨ ਪਿੰਡਾਂ ਨੂੰ ਕੂੜਾ ਮੁਕਤ ਬਣਾਉਣ ਦੇ ਉਦੇਸ਼ ਨਾਲ ਅੱਜ ਕਪੂਰਥਲਾ 'ਚ ਇੱਕ ਵਿਸ਼ੇਸ਼ ਠੋਸ ਰਹਿੰਦ -ਖੂਹੰਦ ਪ੍ਰਬੰਧਨ ਸਿਖਲਾਈ ਕੈਂਪ ਲਗਾਇਆ ਗਿਆ। ਪੇਂਡੂ ਵਿਕਾਸ ਬਾਰੇ ਵਧੀਕ ਡਿਪਟੀ ਕਮਿਸ਼ਨਰ ਵਰਿੰਦਰ ਪਾਲ ਸਿੰਘ ਬਾਜਵਾ ਦੀ ਪ੍ਰਧਾਨਗੀ ਹੇਠ ਇਸ ਸੈਸ਼ਨ ਦੌਰਾਨ ਜ਼ਿਲ੍ਹੇ ਦੇ 22 ਚੁਣੇ ਹੋਏ ਪਿੰਡਾਂ ਦੀਆਂ ਪੰਚਾਇਤਾਂ ਨੂੰ ਠੋਸ ਰਹਿੰਦ -ਖੂਹੰਦ ਪ੍ਰਬੰਧਨ ਪ੍ਰੋਜੈਕਟਾਂ ਨੂੰ ਵਿਗਿਆਨਕ ਢੰਗ ਨਾਲ ਚਲਾਉਣ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਰਾਉਂਡਗਲਾਸ ਫਾਊਂਡੇਸ਼ਨ ਮੋਹਾਲੀ ਦੇ ਮਾਹਿਰ ਟ੍ਰੇਨਰ ਡਾ. ਗਿਰੀਸ਼ ਸਪਰਾ, ਅੰਮ੍ਰਿਤਪਾਲ ਸਿੰਘ ਅਤੇ ਅਨਮੋਲ ਨੇ ਸਰਪੰਚਾਂ ਅਤੇ ਪੰਚਾਂ ਨੂੰ ਪਿੰਡਾਂ ਵਿੱਚ ਮੁਕੰਮਲ ਹੋ ਚੁੱਕੇ ਕੂੜਾ ਪ੍ਰਬੰਧਨ ਯੂਨਿਟਾਂ ਨੂੰ ਚਾਲੂ ਕਰਨ ਅਤੇ ਖਾਦ ਤਿਆਰ ਕਰਨ ਦੀਆਂ ਵਿਧੀਆਂ ਬਾਰੇ ਸਿਖਲਾਈ ਦਿੱਤੀ ਗਈ। ਉਨਾ ਦਸਿਆ ਕਿ ਸੰਸਥਾ ਵੱਲੋਂ ਹਰ ਘਰ ਲਈ ਦੋ ਡਸਟਬੀਨ, ਟ੍ਰਾਈ-ਸਾਈਕਲ, ਸਫ਼ਾਈ ਸੇਵਕਾਂ ਲਈ ਸੁਰੱਖਿਆ ਕਿੱਟਾਂ, ਬਾਇਓ-ਕਲਚਰ ਅਤੇ ਜਾਗਰੂਕਤਾ ਲਈ ਸਪੀਕਰ ਮੁਫ਼ਤ ਮੁਹੱਈਆ ਕਰਵਾਏ ਜਾਣਗੇ। ਵਧੀਕ ਡਿਪਟੀ ਕਮਿਸ਼ਨਰ ਨੇ ਪੰਚਾਇਤਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਇਨ੍ਹਾਂ ਯੂਨਿਟਾਂ ਨੂੰ ਤੁਰੰਤ ਸਰਗਰਮ ਕਰਨ ਤਾਂ ਜੋ ਪਿੰਡਾਂ ਨੂੰ ਗੰਦਗੀ ਮੁਕਤ ਬਣਾ ਕੇ ਸਾਫ਼-ਸੁਥਰਾ ਚੌਗਿਰਦਾ

ਸਿਰਜਿਆ ਜਾ ਸਕੇ। ਇਸ ਮੌਕੇ ਸਮੂਹ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰਾਂ ਸਮੇਤ ਵਿਭਾਗ ਦੇ ਹੋਰ ਉੱਚ ਅਧਿਕਾਰੀ ਵੀ ਮੌਜੂਦ ਸਨ।

-------------------------------------------------------

IPL ਕ੍ਰਿਕੇਟ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਅੱਜ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ, ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ.

-------------------------------------------------------

- ਬੀਜੇਪੀ ਦੇ ਸੰਸਦ ਮੈਂਬਰ ਰਾਘਵ ਚੱਢਾ ਅਤੇ ਹੋਰਨਾਂ ਵਲੋਂ ਅੱਜ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ -ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸਰਕਾਰੀ ਤੰਤਰ ਦੀ ਕਥਿਤ ਦੁਰਵਰਤੋਂ 'ਤੇ ਚਿੰਤਾ ਪ੍ਰਗਟ ਕੀਤੀ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਾਸ਼ਟਰਪਤੀ ਨਾਲ ਮੁਲਾਕਾਤ ਕਰਕੇ ਸੂਬੇ ਦੇ ਰਾਜ ਸਭਾ ਮੈਂਬਰਾਂ ਦੀ ਮੈਂਬਰਸ਼ਿਪ ਰੱਦ ਕਰਨ ਬਾਰੇ ਮੰਗ ਪੱਤਰ ਸੌਂਪਿਆ ।

- ਭਾਰਤ ਸਰਕਾਰ ਨੇ ਇੱਕ ਮਹੱਤਵਪੂਰਨ ਫੈਸਲਾ ਲੈਂਦੇ ਹੋਏ ਚਾਰ ਪਾਕਿਸਤਾਨੀ ਸਿਵਲ ਕੈਦੀਆਂ ਨੂੰ ਰਿਹਾਅ ਕੀਤਾ ।

- ਪੰਜਾਬ ਵਿਚ 3 ਮਈ ਨੂੰ ਆਏ ਤੂਫ਼ਾਨ ਕਾਰਨ, ਬਿਜਲੀ ਮਹਿਕਮੇ ਨੂੰ 8 ਕਰੋੜ ਦਾ ਹੋਇਆ ਨੁਕਸਾਨ -6 ਜ਼ਿਲੇ ਸਬਤੋਂ ਵੱਧ ਪ੍ਰਭਾਵਿਤ।

- IPL ਕ੍ਰਿਕੇਟ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਸ਼ਾਮੀਂ ਸਾਢੇ 7 ਵਜੇ ਦਿੱਲੀ ਵਿੱਚ, ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ** !